# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 17-06-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 30 ਤਰੀਕ ਨੂੰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਆਪਣੇ ਵਿਚਾਰ ਸਾਂਝੇ ਕਰਨਗੇ। ਸ੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਚੁਣੇ ਜਾਣ ਤੋਂ ਬਾਅਦ, ਇਹ ਪਹਿਲਾ ਮਨ ਕੀ ਬਾਤ ਪ੍ਰੋਗਰਾਮ ਹੋਵੇਗਾ। ਤੁਸੀਂ ਟੋਲ ਫਰੀ ਨੰਬਰ 1800 -11-7800 ਤੇ ਫੋਨ ਕਰਕੇ ਆਪਣੇ ਵਿਚਾਰ ਅਤੇ ਸੁਝਾਅ ਦੇ ਸਕਦੇ ਹੋ। ਨਰੇਂਦਰ ਮੋਦੀ ਐਪ ਜਾਂ MyGOV ਓਪਨ ਫੋਰਮ 'ਤੇ ਵੀ ਸੁਝਾਅ ਆਨਲਾਈਨ ਦਿੱਤੇ ਜਾ ਸਕਦੇ ਨੇ। 28 ਜੂਨ ਤੱਕ ਭੇਜੇ ਗਏ ਸੁਝਾਵਾਂ ਅਤੇ ਵਿਚਾਰਾਂ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਕੀਤਾ ਜਾਵੇਗਾ।

---------------------------------------------------

ਆਮ ਆਦਮੀ ਪਾਰਟੀ ਨੇ, ਜਲੰਧਰ ਪੱਛਮੀ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ, ਇਸ ਹਲਕੇ ਤੋਂ ਮੋਹਿੰਦਰ ਭਗਤ ਨੂੰ ਆਪਣਾ

ਉਮੀਦਵਾਰ ਐਲਾਨਿਆ ਏ। ਉਹ ਪਾਰਟੀ ਦੇ ਜਲੰਧਰ ਪੱਛਮੀ ਹਲਕੇ ਤੋਂ ਇੰਚਾਰਜ ਵੀ ਨੇ।

---------------------------------------------------------------

ਦੇਸ਼ ਭਰ 'ਚ ਈਦ-ਉਲ-ਅਜ਼ਹਾ ਦਾ ਤਿਉਹਾਰ ਸ਼ਰਧਾ ਭਾਵ ਨਾਲ ਮਨਾਇਆ ਜਾ ਰਿਹਾ ਏ। ਸਵੇਰੇ ਮਸਜਿਦਾਂ ਵਿੱਚ ਈਦ-ਉਲ-ਅਜ਼ਹਾ ਦੀ ਨਮਾਜ਼ ਅਦਾ ਕੀਤੀ ਗਈ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਈਦ-ਉਲ-ਅਜ਼ਹਾ ਦੀ ਮੁਬਾਰਕਬਾਦ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਈਦ-ਉਲ-ਅਜ਼ਹਾ ਦਾ ਤਿਉਹਾਰ ਤਿਆਗ ਅਤੇ ਸ਼ਹਾਦਤ ਦਾ ਪ੍ਰਤੀਕ ਏ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਮਨੁੱਖੀ ਕਦਰਾਂ-ਕੀਮਤਾਂ ਨੂੰ ਜੀਵਨ ਵਿੱਚ ਲਾਗੂ ਕਰਨ ਦੀ ਅਪੀਲ ਕਰਦਿਆਂ ਕਿਹਾ, ਕਿ ਇਹ ਤਿਉਹਾਰ ਮਿਲਜੁਲ ਕੇ ਰਹਿਣ ਦੀ ਪ੍ਰੇਰਨਾ ਦਿੰਦਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਪਣੇ ਐਕਸ ਹੈਂਡਲ 'ਤੇ ਇਸ ਮੌਕੇ 'ਤੇ ਲੋਕਾਂ ਨੂੰ ਵਧਾਈ ਦੀਦਿਆਂ ਦੁਆ ਕੀਤੀ ਕਿ ਈਦ-ਉਲ-ਅਜ਼ਹਾ ਦਾ ਇਹ ਵਿਸ਼ੇਸ਼ ਮੌਕਾ ਸਦਭਾਵਨਾ ਨੂੰ ਹੋਰ ਮਜ਼ਬੂਤ ਕਰੇਗਾ ।

---------------------------------------------------------------

ਏਧਰ ਗੁਰਦਾਸਪੁਰ ਵਿਖੇ, ਅਹਿਮਦੀਆ ਮੁਸਲਿਮ ਜਮਾਤ ਦੇ ਕੌਮਾਂਤਰੀ ਹੈਡ ਕੁਆਰਟਰ ਕਾਦੀਆਂ ਵਿਖੇ ਈਦ ਦੀ ਨਮਾਜ਼ ਪੜੀ ਗਈ। ਇਸ ਮੌਕੇ ਅਹਿਮਦੀਆ ਮੁਸਲਿਮ ਜਮਾਤ ਦੇ ਸਕੱਤਰ ਮੁਹੰਮਦ ਈਮਨ ਗੌਰੀ ਨੇ ਸਾਰਿਆਂ ਨੂੰ ਮੁਬਾਰਕਬਾਦ ਦੀਦਿਆਂ ਕਿਹਾ ਕਿ ਈਦ ਮੌਕੇ ਸਾਨੂੰ ਆਪਣੇ ਬੁਰੇ ਕਰਮਾਂ ਦੀ ਕੁਰਬਾਨੀ ਦੇਣੀ ਚਾਹੀਦੀ ਏ ਅਤੇ ਪੂਰੀ ਦੁਨੀਆ ਨੂੰ ਪਿਆਰ ਕਰਨਾ ਚਾਹੀਦਾ ਏ।

---------------------------------------------------------------

ਪੱਛਮੀ ਬੰਗਾਲ ਦੇ ਨਿਊ ਜਲਪਾਈ-ਗੁੜੀ ਸਟੇਸ਼ਨ ਨੇੜੇ, ਅੱਜ ਸਵੇਰੇ ਕਰੀਬ 9 ਵਜੇ ਵਾਪਰੇ ਇੱਕ ਰੇਲ ਹਾਦਸੇ ਵਿਚ ਘੱਟੋ-ਘੱਟ 5 ਲੋਕਾਂ ਦੀ ਮੌਤ ਹੋ ਗਈ ਅਤੇ 30 ਜ਼ਖਮੀ ਹੋਏ ਨੇ । ਰੇਲਵੇ ਸੂਤਰਾਂ ਨੇ ਦੱਸਿਆ ਕਿ ਇਹ ਹਾਦਸਾ ਇੱਕ ਮਾਲਗੱਡੀ ਦੇ ਪਿੱਛੇ ਤੋਂ ਟਕਰਾਉਣ ਕਰਕੇ, ਸਿਯਾਲਦਾ ਜਾ ਰਹੀ ਕੰਚਨਜੰਗਾ ਐਕਸਪ੍ਰੈਸ ਦੇ 2 ਡੱਬੇ ਪਟੜੀ ਤੋਂ ਉਤਰ ਜਾਣ ਕਾਰਨ ਵਾਪਰਿਆ। ਬਚਾਅ ਕਾਰਜ ਜਾਰੀ ਨੇ।

---------------------------------------------------------------

ਅੰਮ੍ਰਿਤਸਰ ਦੇ ਰਾਜਾਸਾਂਸੀ ਨੇੜਿਓਂ ਲੰਘਦੀ ਲਾਹੌਰ ਬਰਾਂਚ ਨਹਿਰ ਵਿਚ, ਕੱਲ ਨਹਾਉਂਦੇ ਸਮੇ ਲਾਪਤਾ ਹੋਏ 3 ਬੱਚਿਆਂ ਵਿੱਚੋ 2 ਦੀਆਂ ਮ੍ਰਿਤਕ ਦੇਹਾਂ ਮਿਲ ਗਈਆਂ ਨੇ। ਅੰਮ੍ਰਿਤਸਰ ਤੋਂ ਸਾਡੇ ਪੱਤਰਕਾਰ

ਮੁਤਾਬਿਕ ਬੀਤੇ ਕੱਲ, ਗਰਮੀ ਦੇ ਚੱਲਦੇ ਲਾਹੌਰ ਬ੍ਰਾਂਚ ਨਹਿਰ 'ਚ ਤਿੰਨ ਬੱਚੇ ਰੱਸੀ ਨੂੰ ਫੜਕੇ ਨਹਾ ਰਹੇ ਸਨ ਤਾਂ ਅਚਾਨਕ ਰੱਸੀ ਟੁੱਟਣ ਕਰਕੇ ਤੀਨੋਂ ਬੱਚੇ ਡੁੱਬਣ ਕਾਰਨ ਲਾਪਤਾ ਹੋ ਗਏ। ਗੋਤਾਖੋਰਾ ਵੱਲੋਂ ਤੀਸਰੇ ਬੱਚੇ ਨੂੰ ਲੱਭਣ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਏ। 15 ਤੋਂ 17 ਸਾਲ ਦੇ ਇਹ ਤਿੰਨੋ ਬੱਚੇ, ਪਿੰਡ ਤੋਲਾਨੰਗਲ ਦੇ ਰਹਿਣ ਵਾਲੇ ਨੇ।

---------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਕਹਿਰ ਢਾ ਰਹੀ ਤੇ ਝੁਲਸਾ ਦੇਣ ਵਾਲੀ ਗਰਮੀ ਲਗਾਤਾਰ ਜਾਰੀ ਏ। ਅੱਤ ਦੀ ਗਰਮੀ ਤੇ ਵਗਦੀ ਲੂ ਨੇ, ਮਨੁੱਖਾਂ ਦਾ ਹੀ ਨਹੀਂ ਸਗੋਂ ਪੰਛੀਆਂ ਤੇ ਜਾਨਵਰਾਂ ਦਾ ਵੀ ਜੀਣਾ ਮੁਸ਼ਕਿਲ ਕੀਤਾ ਹੋਇਆ ਏ। ਸੂਬੇ ਦੇ ਜ਼ਿਆਦਾਤਰ ਜ਼ਿਲਿਆਂ ਵਿਚ ਤਾਪਮਾਨ 42 ਤੋਂ 45 ਡਿਗਰੀ ਸੈਲਸੀਅਸ ਤਕ ਚਲ ਰਿਹਾ ਏ। ਏਧਰ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ, ਪੱਛਮੀ ਬੰਗਾਲ ਅਤੇ ਆਸਾਮ ਵਿੱਚ ਬਹੁਤ ਤੋਂ ਬਹੁਤ ਜ਼ਿਆਦਾ ਗਰਮੀ ਅਤੇ ਲੂ ਬਾਰੇ ਰੈੱਡ ਅਲਰਟ ਜਾਰੀ ਕੀਤਾ ਏ। ਕਈ ਹੋਰ ਸੂਬਿਆਂ ਵਿਚ ਵੀ ਕੱਲ੍ਹ ਤੱਕ ਗਰਮੀ ਦਾ ਪ੍ਰਕੋਪ ਜਾਰੀ ਰਹੇਗਾ । ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ, ਕੌਮੀ ਆਫ਼ਤ

ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

---------------------------------------------------

ਪੰਜਾਬ ਪੁਲਿਸ ਵੱਲੋਂ ਨਸ਼ਿਆਂ ਨੂੰ ਰੋਕਣ ਬਾਰੇ ਸੰਵੇਦਨਸ਼ੀਲ ਖੇਤਰਾਂ ਵਿੱਚ ਨਸ਼ਾ ਸਪਲਾਈ  ਤੋੜਨ ਦੇ ਉਦੇਸ਼ ਨਾਲ, ਕੱਲ ਵਿਆਪਕ ਸੂਬਾ ਪੱਧਰੀ ਘੇਰਾਬੰਦੀ ਅਤੇ ਤਲਾਸ਼ੀ ਆਪ੍ਰੇਸ਼ਨ ਚਲਾਇਆ ਗਿਆ। ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਿਸ ਨੇ 140 ਮਾਮਲੇ ਦਰਜ ਕਰਕੇ 166 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਉਨ੍ਹਾਂ ਦਸਿਆ ਕਿ ਪੁਲਿਸ ਨੇ ਢਾਈ ਕਿਲੋ ਗ੍ਰਾਮ ਤੋਂ ਵੱਖ ਹੈਰੋਇਨ, ਢੇਡ ਲੱਖ ਰੁਪਏ ਦੀ ਡਰੱਗ ਮਨੀ, 12 ਕਿਲੋ ਤੋਂ ਵੱਧ ਭੁੱਕੀ, 5 ਹਜ਼ਾਰ 820 ਨਸ਼ੀਲੀਆਂ ਗੋਲੀਆਂ ਅਤੇ ਨਜਾਇਜ਼ ਸ਼ਰਾਬ ਤੇ ਲਾਹਣ ਬਰਾਮਦ ਕਰਨ ਤੋਂ ਇਲਾਵਾ 16 ਮੋਟਰ ਸਾਈਕਲ ਅਤੇ ਤਿੰਨ ਕਾਰਾਂ ਜ਼ਬਤ ਕੀਤੀਆਂ ਨੇ।

---------------------------------------------------

ਓਧਰ ਪੰਜਾਬ ਪੁਲਿਸ ਨੇ ਆਮ ਲੋਕਾਂ ਵਿੱਚ ਏਕਤਾ ਅਤੇ ਸਹਿਯੋਗ ਦੀ ਭਾਵਨਾ ਪੈਦਾ ਕਰਨ ਵਾਸਤੇ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ

ਸ਼ੁਰੂ ਕੀਤੀ ਏ। ਨਸ਼ਿਆਂ ਵਿਰੁੱਧ ਇਸ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਪੁਲਿਸ ਕਮਿਸ਼ਨਰ ਅਤੇ ਸੀਨੀਅਰ ਪੁਲਿਸ ਕਪਤਾਨ ਆਪੋ-ਆਪਣੇ ਜ਼ਿਲ੍ਹਿਆਂ ‘ਚ ਵੱਖੋਂ-ਵੱਖ ਸਮਾਗਮਾਂ ਦਾ ਆਯੋਜਨ ਕਰਨਗੇ ਤੇ ਆਮ ਲੋਕਾਂ, ਨੌਜਵਾਨਾਂ, ਗੈਰ-ਸਰਕਾਰੀ ਸੰਸਥਾਵਾਂ, ਕਲੱਬਾਂ ਨੂੰ ਵੀ ਇਸ ਜਾਗਰੂਕਤਾ ਮੁਹਿੰਮ ਵਿੱਚ ਜੋੜਿਆ ਜਾਵੇਗਾ।